**ਪੰਜਾਬ ਸਰਕਾਰ**

**ਸਕੂਲ ਸਿੱਖਿਆ ਵਿਭਾਗ**

ਵੱਲ

1. ਸਮੂਹ ਜਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ./ਐ.ਸਿ.),
2. ਸਮੂਹ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਅਤੇ
3. ਸਮੂਹ ਸਕੂਲ ਮੁੱਖੀ

ਮੀਮੋ ਨੰ: ੧੦/੧੭੧-੧੯ ਸਿ ਹ (ਪ 7)/550

ਮਿਤੀ: ੩.੯.੨੧

**ਵਿਸ਼ਾ:-** **ਸਕੂਲਾਂ ਵਿੱਚ ਆਂਗਨਵਾੜੀ ਵਰਕਰ/ਹੈਲਪਰ ਨੂੰ ਬਣਦਾ ਮਾਨ-ਸਨਮਾਨ ਨਾ ਮਿਲਣ ਸਬੰਧੀ।**

**1.0** ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

**2.0** ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ, ਪੰਜਾਬ ਰਾਹੀਂ ਆਂਗਨਵਾੜੀ ਯੂਨੀਅਨ ਦੁਆਰਾ ਸਿੱਖਿਆ ਵਿਭਾਗ ਦੇ ਧਿਆਨ ਵਿੱਚ ਲਿਆਂਦਾ ਗਿਆ ਹੈ ਕਿ ਜਿਨ੍ਹਾਂ ਸਕੂਲਾਂ ਵਿੱਚ ਆਂਗਨਵਾੜੀ ਸੈਂਟਰ ਚੱਲਦੇ ਹਨ, ਉਨ੍ਹਾਂ ਵਿੱਚੋਂ ਕੁਝ ਸਕੂਲ ਅਜਿਹੇ ਹਨ, ਜਿੱਥੇ ਆਂਗਨਵਾੜੀ ਵਰਕਰ ਅਤੇ ਹੈਲਪਰ ਨੂੰ ਬਣਦਾ ਮਾਨ-ਸਨਮਾਨ ਨਹੀਂ ਦਿੱਤਾ ਜਾ ਰਿਹਾ।

**3.0** ਇਸ ਸਬੰਧ ਵਿੱਚ ਸਕੂਲ ਸਿੱਖਿਆ ਵਿਭਾਗ ਅਤੇ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਵਿਚਕਾਰ ਕਾਫੀ ਵਿਚਾਰ-ਵਟਾਂਦਰਾ ਹੋਇਆ ਹੈ। ਭਾਵੇਂ ਕਿ ਸਕੂਲ ਸਿੱਖਿਆ ਵਿਭਾਗ ਦੁਆਰਾ ਪਹਿਲਾਂ ਵੀ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ ਅਤੇ ਲਗਭਗ ਸਾਰੇ ਸਕੂਲਾਂ ਵਿੱਚ ਇਸ ਗੱਲ ਨੂੰ ਯਕੀਨੀ ਬਣਾਇਆ ਗਿਆ ਹੈ ਕਿ ਜਿਨ੍ਹਾਂ ਸਕੂਲਾਂ ਵਿੱਚ ਆਂਗਨਵਾੜੀ ਸੈਂਟਰ ਮੌਜੂਦ ਹਨ, ਉਨ੍ਹਾਂ ਸਕੂਲਾਂ ਵਿੱਚ ਆਂਗਨਵਾੜੀ ਵਰਕਰ ਅਤੇ ਹੈਲਪਰ ਨਾਲ ਤਾਲਮੇਲ ਅਤੇ ਮਿਲਵਰਤਨ ਦੀ ਭਾਵਨਾ ਨਾਲ ਕੰਮ ਕੀਤਾ ਜਾਂਦਾ ਹੈ। ਉਨ੍ਹਾਂ ਨੂੰ ਪੂਰਾ ਮਾਨ-ਸਨਮਾਨ ਦਿੱਤਾ ਜਾਂਦਾ ਹੈ ਅਤੇ ਉਨ੍ਹਾਂ ਨੂੰ ਬਤੌਰ ਟੀਮ ਮੈਂਬਰ ਹੀ ਵੇਖਿਆ ਜਾਂਦਾ ਹੈ, ਪ੍ਰੰਤੂ ਫਿਰ ਵੀ ਆਂਗਨਵਾੜੀ ਯੂਨੀਅਨ ਦੁਆਰਾ ਦਿੱਤੀ ਗਈ ਪ੍ਰਤੀ ਬੇਨਤੀ ਨੂੰ ਧਿਆਨ ਵਿੱਚ ਰੱਖਦਿਆਂ ਕੁਝ ਇਸ ਤਰ੍ਹਾਂ ਦੀਆਂ ਘਟਨਾਵਾਂ, ਜਿੱਥੇ ਆਂਗਨਵਾੜੀ ਵਰਕਰ/ਹੈਲਪਰ ਨੂੰ ਇਹ ਮਹਿਸੂਸ ਹੁੰਦਾ ਹੋਵੇ ਕਿ ਉਨ੍ਹਾਂ ਨੂੰ ਲੋੜੀਂਦਾ ਆਦਰ-ਸਨਮਾਨ ਜਾਂ ਸਹਿਯੋਗ ਨਹੀਂ ਮਿਲ ਰਿਹਾ, ਨੂੰ ਨਕਾਰਿਆ ਨਹੀਂ ਜਾ ਸਕਦਾ।

**4.0** ਇਸ ਸਬੰਧ ਵਿੱਚ ਸਮੂਹ ਜਿਲ੍ਹਾ ਸਿੱਖਿਆ ਅਫ਼ਸਰ, ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ, ਸੈਂਟਰ ਹੈੱਡ ਟੀਚਰ/ਹੈੱਡ ਟੀਚਰ ਅਤੇ ਅਧਿਆਪਕਾਂ ਨੂੰ ਲਿਖਿਆ ਜਾਂਦਾ ਹੈ ਕਿ ਆਂਗਨਵਾੜੀ ਵਰਕਰਾਂ/ਹੈਲਪਰਾਂ ਨੂੰ ਪੂਰਾ ਮਾਨ-ਸਨਮਾਨ ਦਿੱਤਾ ਜਾਵੇ ਅਤੇ ਉਨ੍ਹਾਂ ਵੱਲੋਂ ਬੱਚਿਆਂ ਦੀ ਪੜ੍ਹਾਈ ਸਬੰਧੀ ਕੀਤੇ ਗਏ ਕੰਮ ਨੂੰ ਵੀ ਕਬੂਲ ਕੀਤਾ ਜਾਵੇ। ਆਂਗਨਵਾੜੀ ਵਰਕਰਾਂ ਨੂੰ ਜੇਕਰ ਸਕੂਲ ਵਿੱਚ ਕਿਸੇ ਸਮੱਸਿਆ ਦਾ ਸਾਹਮਣਾ ਕਰਨਾ ਪੈਂਦਾ ਹੈ ਤਾਂ ਉਸ ਸਮੱਸਿਆ ਨੂੰ ਮਿਲ-ਜੁਲ ਕੇ ਹੱਲ ਕਰਨ ਦੀ ਕੋਸ਼ਿਸ਼ ਕੀਤੀ ਜਾਵੇ ਤਾਂ ਜੋ ਦੋਵੇਂ ਵਿਭਾਗਾਂ ਦੁਆਰਾ ਸਾਂਝੇ ਤੌਰ ਤੇ ਛੋਟੇ ਬੱਚਿਆ ਦੇ ਵਿਕਾਸ ਲਈ ਕੀਤੇ ਗਏ ਉਪਰਾਲੇ ਸਾਰਥਕ ਹੋ ਸਕਣ।

**ਸਕੱਤਰ ਸਕੂਲ ਸਿੱਖਿਆ**